ਦੋ ਦਰਜਨ ਤੋਂ ਵੱਧ ਪਰਿਵਾਰਾਂ ਨੂੰ ਸ਼੍ਰੋਮਣੀ ਅਕਾਲੀ ਦਲ ਵਿਚ ਸਿਰੋਪਾਓ ਪਾ ਕੇ ਸ਼ਾਮਿਲ ਕਰਦੇ ਹੋਏ ਵਰਦੇਵ ਸਿੰਘ ਨੋਨੀ ਮਾਨ। ਤਸਵੀਰ: ਕਪਿਲ ਕੰਧਾਰੀ

ਗੱਟੀ ਅਜਾਇਬ ਸਿੰਘ ਵਿਖੇ ਦੋ ਦਰਜਨ ਪਰਿਵਾਰ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਿਲ

ਗੁਰੂਹਰਸਹਾਏ, 3 ਜਨਵਰੀ (ਕਪਿਲ ਕੰਧਾਰੀ)-ਵਿਧਾਨ ਸਭਾ ਚੋਣਾਂ ਦੀ ਤਿਆਰੀ ਦੇ ਚੱਲਦੇ ਹਲਕਾ ਗੁਰੂਹਰਸਹਾਏ ਤੋ ਅਕਾਲੀ-ਬਸਪਾ ਦੇ ਸਾਂਝੇ ਉਮੀਦਵਾਰ ਵਰਦੇਵ ਸਿੰਘ ਮਾਨ ਨੇ ਚੁਣਾਵੀਂ ਮੁਹਿੰਮ ਤੇਜ਼ ਕਰਦਿਆਂ ਬਾਰਡਰ ਪੱਟੀ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨਾਲ ਗੁਰਸੇਵਕ ਸਿੰਘ ਕੈਸ਼ ਮਾਨ ਵੀ ਹਾਜ਼ਰ ਰਹੇ। ਇਸ ਸਮੇਂ ਗੱਟੀ ਅਜਾਇਬ ਸਿੰਘ ਦੇ ਦੋ ਕਾਂਗਰਸੀ ਸਾਬਕਾ ਸਰਪੰਚ ਹਰਬੰਸ ਸਿੰਘ ਸਾਬਕਾ ਸਰਪੰਚ, ਗੁਰਵਿੰਦਰ ਸਿੰਘ, ਦਲਜੀਤ ਸਿੰਘ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਸੁਰਜੀਤ ਸਿੰਘ ਬਿੱਟੂ, ਜਗਮੀਤ ਸਿੰਘ, ਹਰਜੀਤ ਸਿੰਘ, ਰਣਜੀਤ ਸਿੰਘ ਰਾਣਾ, ਬਗ਼ੀਚਾ ਸਿੰਘ, ਜਗਮੀਤ ਸਿੰਘ, ਸੁਖਜੀਤ ਸਿੰਘ, ਅਮਰੀਕ ਸਿੰਘ, ਮੇਜਰ ਸਿੰਘ, ਮਲਕੀਤ ਸਿੰਘ, ਅਮਰੀਕ ਸਿੰਘ, ਸ਼ਿਗਾਰ ਸਿੰਘ, ਕੁਲਵੰਤ ਸਿੰਘ ਸਨ.ਆਦਿ ਪਰਿਵਾਰਾਂ ਨੂੰ ਸਿਰੋਪਾਓ ਪਾ ਕੇ ਪਾਰਟੀ ਵਿਚ ਸ਼ਾਮਿਲ ਕੀਤਾ ਤੇ ਬਣਦਾ ਮਾਣ ਸਨਮਾਨ ਦੇਣ ਦਾ ਵਿਸ਼ਵਾਸ ਦਿਵਾਇਆ। ਇਸ ਸਮੇਂ ਜਸਪ੍ਰੀਤ ਮਾਨ, ਮੇਜਰ ਸੋਢੀ ਵਾਲਾ, ਗਗਨ ਸੰਧੂ ਸਰਪੰਚ ਝੋਕ, ਭੋਲਾ ਸਿੰਘ, ਗਾਮੂਵਾਲਾ, ਗੁਰਮੀਤ ਮਾਨ, ਸ਼ਿੰਦਰ ਸਰਪੰਚ, ਸੰਪੂਰਨ ਸਿੰਘ ਮਲਸੀਆਂ, ਹੀਰਾ ਸੰਧੂ, ਸਤਨਾਮ ਸੰਧਾਵਾਲੀਆ ਤੇ ਲਾਡੀ ਸੰਧਾਵਾਲੀਆ ਆਦਿ ਹਾਜ਼ਰ ਸਨ।

ਹੁਸੈਨੀਵਾਲਾ ਬਾਰਡਰ ਖੋਲ੍ਹਣਾ ਅਤਿ ਜ਼ਰੂਰੀ- ਆਗੂ

ਫ਼ਿਰੋਜ਼ਪੁਰ, 3 ਜਨਵਰੀ (ਗੁਰਿੰਦਰ ਸਿੰਘ)-5 ਜਨਵਰੀ ਨੂੰ ਪੀ. ਜੀ. ਆਈ. ਦਾ ਉਦਘਾਟਨ ਕਰਨ ਆ ਰਹੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹੁਸੈਨੀਵਾਲਾ ਬਾਰਡਰ ਖੋਲ੍ਹਣ ਦਾ ਐਲਾਨ ਕਰਨ ਤਾਂ ਜੋ ਜ਼ਿਲ੍ਹਾ ਫ਼ਿਰੋਜ਼ਪੁਰ ਵੀ ਤਰੱਕੀ ਦੀਆਂ ਲੀਹਾਂ 'ਤੇ ਤੁਰ ਸਕੇ। ਇੱਥੋਂ ਦੀ ਨੌਜਵਾਨੀ, ਵਪਾਰੀ, ਮਜ਼ਦੂਰ, ਦੁਕਾਨਦਾਰਾਂ ਨੂੰ ਰੁਜ਼ਗਾਰ ਮਿਲੇ ਤੇ ਜ਼ਿਲ੍ਹਾ ਫ਼ਿਰੋਜ਼ਪੁਰ ਦਾ ਪਹਿਲਾਂ ਦੀ ਤਰ੍ਹਾਂ ਹਿੰਦੁਸਤਾਨ ਵਿਚ ਨਾਂਅ ਹੋਵੇ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਮਹਾਲਮ ਤੇ ਦਫ਼ਤਰ ਸਕੱਤਰ ਜਗਜੀਤ ਸਿੰਘ ਸ਼ੁਸ਼ਕ ਨੇ ਸਾਂਝੇ ਤੌਰ 'ਤੇ ਜਾਰੀ ਕੀਤੇ ਬਿਆਨ ਵਿਚ ਕਿਹਾ ਕਿ ਪਿਛਲੇ ਤਕਰੀਬਨ 50 ਸਾਲਾਂ ਤੋਂ ਹੁਸੈਨੀਵਾਲਾ ਬਾਰਡਰ ਬੰਦ ਹੋਣ ਕਰਕੇ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਤਰੱਕੀ ਦਾ ਰਸਤਾ ਬੰਦ ਕੀਤਾ ਹੋਇਆ ਹੈ। ਜ਼ਿਲ੍ਹਾ ਫ਼ਿਰੋਜ਼ਪੁਰ ਵਲੋਂ ਅੱਜ ਤੱਕ ਜਿੰਨੇ ਵੀ ਐੱਮ.ਪੀ. ਚੁਣ ਕੇ ਪਾਰਲੀਮੈਂਟ ਵਿਚ ਭੇਜੇ ਕਿਸੇ ਨੇ ਵੀ ਹੁਸੈਨੀਵਾਲਾ ਬਾਰਡਰ ਖੁਲ੍ਹਾਉਣ ਦੀ ਆਵਾਜ਼ ਨਹੀਂ ਉਠਾਈ, ਸਿਵਾਏ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਤੇ ਪਾਰਟੀ ਦੀ ਫ਼ਿਰੋਜ਼ਪੁਰ ਇਕਾਈ ਵਲੋਂ ਉਠਾਈ ਜਾ ਰਹੀ ਹੈ। ਉਨ੍ਹਾਂ ਜ਼ਿਲ੍ਹਾ ਫ਼ਿਰੋਜ਼ਪੁਰ ਦੀਆਂ ਸਾਰੀਆਂ ਸਿਆਸੀ ਜਥੇਬੰਦੀਆਂ ਅਤੇ ਸੂਝਵਾਨ ਲੋਕਾਂ ਨੂੰ ਅਪੀਲ ਕੀਤੀ ਕਿ ਪੀ.ਜੀ.ਆਈ. ਦਾ ਵਾਰ-ਵਾਰ ਨੀਂਹ ਪੱਥਰ ਰਖਾਉਣ ਦੀ ਬਜਾਏ ਮੋਦੀ ਸਾਹਿਬ ਕੋਲੋਂ ਹੁਸੈਨੀਵਾਲਾ ਬਾਰਡਰ ਖੁਲ੍ਹਵਾਉਣ ਦਾ ਐਲਾਨ ਕਰਵਾਉਣ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜ਼ਿਲ੍ਹਾ ਯੂਥ ਪ੍ਰਧਾਨ ਗੁਰਵਿੰਦਰ ਸਿੰਘ ਮਹਾਲਮ ਤੇ ਜਗਜੀਤ ਸਿੰਘ ਸ਼ੁਸ਼ਕ। ਅਜੀਤ ਤਸਵੀਰ

ਭਾਵੜਾ ਆਜ਼ਮ ਸ਼ਾਹ ਦੇ 15 ਕਾਂਗਰਸੀ ਪਰਿਵਾਰ ਅਕਾਲੀ ਦਲ 'ਚ ਸ਼ਾਮਿਲ

ਕਾਂਗਰਸ ਛੱਡ ਕੇ ਅਕਾਲੀ ਦਲ 'ਚ ਸ਼ਾਮਿਲ ਹੋਣ ਵਾਲਿਆਂ ਦਾ ਸਵਾਗਤ ਕਰਦੇ ਹੋਏ ਜੋਗਿੰਦਰ ਸਿੰਘ ਜਿੰਦੂ ਤੇ ਹੋਰ ਆਗੂ।

ਫ਼ਿਰੋਜ਼ਪੁਰ, 3 ਜਨਵਰੀ (ਗੁਰਿੰਦਰ ਸਿੰਘ)-ਫ਼ਿਰੋਜ਼ਪੁਰ ਦਿਹਾਤੀ ਹਲਕੇ 'ਚ ਸੱਤਾਧਾਰੀ ਕਾਂਗਰਸ ਪਾਰਟੀ ਨੂੰ ਝਟਕਾ ਦਿੰਦਿਆਂ ਹਲਕੇ ਦੇ ਪਿੰਡ ਭਾਵੜਾ ਆਜ਼ਮ ਸ਼ਾਹ ਦੇ 15 ਪਰਿਵਾਰਾਂ ਨੇ ਕਾਂਗਰਸ ਨਾਲੋਂ ਤੋੜ ਵਿਛੋੜਾ ਕਰਕੇ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਲਿਆ। ਸੀਨੀਅਰ ਅਕਾਲੀ ਆਗੂ ਜਗਜੀਤ ਸਿੰਘ ਭਾਵੜਾ ਤੇ ਬੂਟਾ ਸਿੰਘ ਮਮਦੋਟ ਦੀ ਪ੍ਰੇਰਨਾ ਸਦਕਾ ਅਕਾਲੀ ਦਲ ਵਿਚ ਸ਼ਾਮਿਲ ਹੋਣ ਵਾਲੇ ਗੁਰਿੰਦਰ ਸਿੰਘ ਬੱਲ ਦੀ ਅਗਵਾਈ ਵਿਚ ਕੁਲਦੀਪ ਸਿੰਘ ਬੱਲ, ਤਰਸੇਮ ਸਿੰਘ, ਸ਼ਮਸ਼ੇਰ ਸਿੰਘ, ਮੰਗਲ ਸਿੰਘ, ਪ੍ਰੇਮ ਸਿੰਘ, ਗੁਰਮੇਜ ਸਿੰਘ, ਜੁਗਿੰਦਰ ਸਿੰਘ, ਜਸਵੀਰ ਸਿੰਘ, ਗੁਰਬਖ਼ਸ਼ ਸਿੰਘ, ਜਸਵੀਰ ਸਿੰਘ, ਧਰਮ ਪ੍ਰੀਤ, ਹੈਪੀ, ਜਗਦੀਸ਼ ਦੀਸ਼ਾ, ਬਿੰਦਰ ਸਿੰਘ ਘੋੜਾ, ਗੌਰਵ ਭੰਡਾਰੀ, ਅਰੁਣ ਭੰਡਾਰੀ ਤੇ ਲਵ ਆਦਿ ਦਾ ਸਵਾਗਤ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਤੇ ਸਾਬਕਾ ਵਿਧਾਇਕ ਜੋਗਿੰਦਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੀ ਆਪਣੀ ਪਾਰਟੀ ਹੈ ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਲੋਕਾਂ ਦੀ ਭਲਾਈ ਲਈ ਕੀਤੇ ਤੇ ਐਲਾਨੀਆਂ ਜਾ ਰਹੀਆਂ ਸਹੂਲਤਾਂ ਕਰਕੇ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੀ ਪਹਿਲੀ ਪਸੰਦ ਬਣਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਚੱਲ ਰਹੀ ਅਕਾਲੀ ਦਲ ਪੱਖੀ ਹਵਾ ਦੇ ਚੱਲਦਿਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਸ਼੍ਰੋਮਣੀ ਅਕਾਲੀ-ਬਸਪਾ ਗੱਠਜੋੜ ਪੂਰਨ ਬਹੁਮਤ ਹਾਸਲ ਕਰਕੇ ਪੰਜਾਬ ਵਿਚ ਸਰਕਾਰ ਬਣਾਏਗਾ। ਇਸ ਮੌਕੇ ਪਰਮਜੀਤ ਸਿੰਘ ਖਾਰਾ, ਸੂਬਾ ਸਿੰਘ ਟੂਰਨਾ, ਗੁਰਮੇਜ ਸਿੰਘ ਗਾਮੇਵਾਲਾ, ਅਮਰ ਸਿੰਘ ਬਾਲੇਵਾਲਾ, ਜਗਤਾਰ ਸਿੰਘ ਬਾਲੇਵਾਲਾ, ਬਲਜੀਤ ਸਿੰਘ ਮਮਦੋਟ, ਲਵ ਫ਼ਿਰੋਜ਼ਸ਼ਾਹ, ਸੁਖਪ੍ਰੀਤ ਖ਼ਵਾਜਾ ਖੜਕ, ਗੁਰਪ੍ਰੀਤ ਸਿੰਘ ਕੈਲਾਸ਼, ਵਿਕਰਮ ਭੱਟ, ਕੁਲਦੀਪ ਸਿੰਘ ਮੱਲਵਾਲ ਤੇ ਸੁਖਚੈਨ ਸਿੰਘ ਸੰਧੂ ਆਦਿ ਮੌਜੂਦ ਸਨ।

ਸਿਵਲ ਸਰਜਨ ਵਲੋਂ ਵਿਭਾਗੀ ਅਧਿਕਾਰੀਆਂ ਨਾਲ ਮੀਟਿੰਗ

ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਸਿਵਲ ਸਰਜਨ ਡਾ: ਰਜਿੰਦਰ ਅਰੋੜਾ ਆਦਿ। ਅਜੀਤ ਤਸਵੀਰ

ਫ਼ਿਰੋਜ਼ਪੁਰ, 3 ਜਨਵਰੀ (ਜਸਵਿੰਦਰ ਸਿੰਘ ਸੰਧੂ)-ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ 5 ਜਨਵਰੀ ਨੂੰ ਫ਼ਿਰੋਜ਼ਪੁਰ ਪਹੁੰਚ ਕੇ ਪੀ.ਜੀ.ਆਈ. ਸੈਟੇਲਾਈਟ ਸੈਂਟਰ ਦਾ ਨੀਂਹ ਪੱਥਰ ਰੱਖੇ ਜਾਣ ਵਾਲੇ ਹੋਣ ਵਾਲੇ ਸਮਾਗਮਾਂ ਨੂੰ ਲੈ ਕੇ ਸਿਹਤ ਵਿਭਾਗ ਵੀ ਪੂਰੀ ਤਰ੍ਹਾਂ ਮੁਸ਼ਤੈਦ ਹੋਇਆ ਨਜ਼ਰ ਆ ਰਿਹਾ ਹੈ। ਸਮਾਗਮ 'ਚ ਲੋੜ ਪੈਣ 'ਤੇ ਯੋਗ ਸਿਹਤ ਸੇਵਾਵਾਂ ਦੇਣ ਆਦਿ ਬਣਦੇ ਫ਼ਰਜ਼ਾਂ ਨੂੰ ਨਿਭਾਉਣ ਲਈ ਸਿਵਲ ਸਰਜਨ ਡਾ: ਰਾਜਿੰਦਰ ਅਰੋੜਾ ਵਲੋਂ ਜਿੱਥੇ ਵਿਸ਼ੇਸ਼ ਟੀਮਾਂ ਗਠਿਤ ਕੀਤੀਆਂ ਗਈਆਂ ਹਨ, ਉੱਥੇ ਸਿਹਤ ਪ੍ਰਬੰਧਾਂ ਦਾ ਜਾਇਜ਼ਾ ਲੈਣ ਸਬੰਧੀ ਵੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਸਿਲਸਿਲੇ ਵਿਚ ਸਿਵਲ ਸਰਜਨ ਡਾ: ਰਾਜਿੰਦਰ ਅਰੋੜਾ ਵਲੋਂ ਜ਼ਿਲ੍ਹੇ ਦੇ ਸਮੂਹ ਐੱਸ.ਐੱਮ.ਓਜ਼. ਅਤੇ ਪ੍ਰੋਗਰਾਮ ਅਧਿਕਾਰੀ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੌਰੇ ਦੌਰਾਨ ਕੀਤੇ ਜਾਣ ਵਾਲੇ ਸਿਹਤ ਪ੍ਰਬੰਧਾਂ, ਕੋਵਿਡ ਸੈਂਪਲਲਿੰਗ, ਕੋਵਿਡ ਪ੍ਰਟੋਕੋਲ ਅਤੇ ਕੋਵਿਡ ਵੈਕਸੀਨੇਸ਼ਨ ਤੋਂ ਇਲਾਵਾ 15 ਤੋਂ 18 ਉਮਰ ਵਰਗ ਦੇ ਗਭਰੇਟਾਂ ਲਈ ਵੈਕਸੀਨੇਸ਼ਨ ਦੀ ਸ਼ੁਰੂਆਤ ਸਬੰਧੀ ਚਰਚਾ ਕੀਤੀ ਗਈ ਅਤੇ ਢੁਕਵੇਂ ਆਦੇਸ਼ ਜਾਰੀ ਕੀਤੇ ਗਏ। ਸਿਵਲ ਸਰਜਨ ਵਲੋਂ ਅੱਜ ਕੋਵਿਡ ਵੈਕਸੀਨੇਸ਼ਨ (15 ਤੋਂ 18 ਉਮਰ ਵਰਗ) ਸਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਤੇ ਪ੍ਰਾਈਵੇਟ ਸਕੂਲਾਂ ਦੇ ਨੁਮਾਇੰਦਿਆਂ ਨਾਲ ਵੀ ਇਕ ਵੱਖਰੀ ਮੀਟਿੰਗ ਕੀਤੀ ਗਈ। ਉਨ੍ਹਾਂ ਇਹ ਵੀ ਕਿਹਾ ਕਿ ਕੋਵਿਡ ਟੀਕਾਕਰਨ ਕੋਰੋਨਾਂ ਦੇ ਹਰੇਕ ਵੇਰੀਐਂਟ ਲਈ ਸਮਾਨ ਰੂਪ ਵਿਚ ਪ੍ਰਭਾਵੀ ਹੈ। ਉਨ੍ਹਾਂ ਨੇ ਰਹਿ ਗਏ ਲੋਕਾਂ ਨੂੰ ਜਲਦ ਤੋਂ ਜਲਦ ਵੈਕਸੀਨ ਲਗਵਾਉਣ ਦੀ ਅਪੀਲ ਕੀਤੀ। ਮੀਟਿੰਗ ਵਿਚ ਡਿਪਟੀ ਮੈਡੀਕਲ ਕਮਿਸ਼ਨਰ ਡਾ: ਰਾਜਿੰਦਰ ਮਨਚੰਦਾ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ: ਮੀਨਾਕਸ਼ੀ ਅਬਰੋਲ, ਸਹਾਇਕ ਸਿਵਲ ਸਰਜਨ ਡਾ: ਸੁਸ਼ਮਾ ਠੱਕਰ, ਐੱਸ.ਐਮ.ਓ. ਡਾ: ਵਿਨੀਤਾ ਭੁੱਲਰ, ਡਾ: ਸੰਦੀਪ ਗਿੱਲ, ਡਾ: ਅਨਿਲ ਮਨਚੰਦਾ, ਡਾ: ਬਲਕਾਰ ਸਿੰਘ, ਡਾ ਰੇਖਾ ਭੱਟੀ, ਡਾ: ਜੈਨੀ ਗੋਇਲ ਤੇ ਵਿਕਾਸ ਕਾਲੜਾ ਆਦਿ ਹਾਜ਼ਰ ਸਨ।

ਸਿਹਤ ਮੁਲਾਜ਼ਮਾਂ ਵਲੋਂ ਕੀਤੇ ਜਾਣ ਵਾਲੇ ਸੰਘਰਸ਼ ਸਬੰਧੀ ਜਾਣਕਾਰੀ ਦਿੰਦੇ ਹੋਏ ਸੂਬਾ ਆਗੂ ਰਵਿੰਦਰ ਲੂਥਰਾ ਆਦਿ। ਅਜੀਤ ਤਸਵੀਰ

ਸਿਹਤ ਕਾਮੇ ਕਰਨਗੇ 5 ਨੂੰ ਮੁੱਖ ਮੰਤਰੀ ਦੇ ਘਰ ਦਾ ਘਿਰਾਓ- ਲੂਥਰਾ

ਫ਼ਿਰੋਜ਼ਪੁਰ, 3 ਦਸੰਬਰ (ਜਸਵਿੰਦਰ ਸਿੰਘ ਸੰਧੂ)-ਪੱਕਿਆਂ ਕਰਨ ਆਦਿ ਹੱਕੀ ਮੰਗਾਂ ਦੀ ਪੂਰਤੀ ਲਈ ਸੰਘਰਸ਼ ਕਰ ਰਹੇ ਸਿਹਤ ਵਿਭਾਗ ਦੇ ਮੁਲਾਜ਼ਮਾਂ ਨੂੰ ਅਣਗੌਲਿਆ ਕਰ ਰਹੀ ਪੰਜਾਬ ਕਾਂਗਰਸ ਸਰਕਾਰ ਖ਼ਿਲਾਫ਼ ਸੜਕਾਂ 'ਤੇ ਉੱਤਰੇ ਸਿਹਤ ਕਾਮਿਆਂ ਵਲੋਂ 5 ਜਨਵਰੀ ਨੂੰ ਖਰੜ ਪਹੁੰਚ ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਘਰ ਦਾ ਘਿਰਾਓ ਕੀਤੇ ਜਾਣ ਦਾ ਐਲਾਨ ਕੀਤਾ ਹੈ। ਸਿਹਤ ਮੁਲਾਜ਼ਮਾਂ ਦਾ ਕਹਿਣਾ ਹੈ ਕਿ ਕੋਵਿਡ-19 ਦੇ ਦੌਰਾਨ ਉਨ੍ਹਾਂ ਆਪਣੀਆਂ ਤੇ ਆਪਣੇ ਪਰਿਵਾਰ ਦੀਆਂ ਜਾਨਾਂ ਦੀਆਂ ਪ੍ਰਵਾਹ ਨਾ ਕਰਦੇ ਹੋਏ ਸੇਵਾਵਾਂ ਨਿਭਾਈਆਂ ਦੇ ਬਦਲੇ ਸਿਹਤ ਵਿਭਾਗ ਵਿਚ ਕੰਮ ਕਰਦੇ ਐਨ.ਐੱਚ.ਐੱਮ, ਡੀ.ਐੱਚ.ਐੱਸ, ਪੀ.ਐੱਚ.ਐੱਸ.ਸੀ. ਅਤੇ ਵੱਖ-ਵੱਖ ਸਕੀਮਾਂ ਅਧੀਨ ਕੰਮ ਕਰਦੇ ਮੁਲਾਜ਼ਮਾਂ ਨੂੰ ਰੈਗੂਲਰ ਤਾਂ ਕੀ ਕਰਨਾ ਸੀ, ਸਗੋਂ ਪੇ-ਕਮਿਸ਼ਨ ਦੇ ਨਾਮ ਹੇਠ ਮੁਲਾਜ਼ਮਾਂ ਨੂੰ ਪਿਛਲੇ ਲੰਬੇ ਸਮੇਂ ਤੋਂ ਮਿਲ ਰਹੇ ਭੱਤਿਆਂ ਵਿਚ ਕਟੌਤੀ ਕਰ ਦਿੱਤੀ ਗਈ, ਜਿਸ ਕਰਕੇ ਪੰਜਾਬ ਦੇ ਸਮੂਹ ਮੁਲਾਜ਼ਮ ਸੜਕਾਂ ਉੱਪਰ ਰੁਲਨ ਲਈ ਮਜਬੂਰ ਹੋ ਗਏ ਹਨ। ਇਸ ਲਈ ਜਥੇਬੰਦੀ ਨੇ 4 ਜਨਵਰੀ ਨੂੰ ਪੰਜਾਬ ਸਰਕਾਰ ਖ਼ਿਲਾਫ਼ ਜ਼ਿਲ੍ਹਾ ਪੱਧਰ 'ਤੇ, ਸਬ-ਡਵੀਜ਼ਨਲ ਪੱਧਰ 'ਤੇ, ਪੀ.ਐੱਚ.ਸੀ. ਪੱਧਰ 'ਤੇ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ ਤੇ 5 ਜਨਵਰੀ ਨੂੰ ਖਰੜ ਵਿਖੇ ਸੂਬਾ ਪੱਧਰੀ ਰੈਲੀ ਕਰਨ ਉਪਰੰਤ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਰਮਨ ਅੱਤਰੀ, ਮਨੋਜ, ਗਰੋਵਰ, ਅੰਕੁਸ਼ ਭੰਡਾਰੀ, ਹਰਪ੍ਰੀਤ ਸਿੰਘ ਥਿੰਦ, ਸੰਦੀਪ ਸਿੰਘ, ਰਾਕੇਸ਼ ਗਿੱਲ, ਰਾਜ ਕੁਮਾਰ, ਕੁੱਕੜ, ਪੁਨੀਤ ਮਹਿਤਾ, ਸੁਤੰਤਰ ਸਿੰਘ, ਰਜਤ ਸ਼ਰਮਾ, ਸਤਪਾਲ ਸਿੰਘ, ਅਮਰਜੀਤ ਸਿੰਘ, ਭੁਪਿੰਦਰ ਕੌਰ, ਹਰਮਿੰਦਰ ਕੌਰ, ਨਿਰਮਲਜੀਤ ਕੌਰ ਆਦਿ ਹਾਜ਼ਰ ਸਨ।

ਲਾਇਨਜ਼ ਕਲੱਬ ਅਸ਼ੀਰਵਾਦ ਲਈ ਵਿਧਾਇਕ ਪਿੰਕੀ ਨੇ ਜ਼ਮੀਨ ਅਲਾਟ ਕਰਵਾਈ

ਫ਼ਿਰੋਜ਼ਪੁਰ, 3 ਜਨਵਰੀ (ਜਸਵਿੰਦਰ ਸਿੰਘ ਸੰਧੂ)-ਸਮਾਜ ਸੇਵਾ ਦੇ ਕੰਮਾਂ ਵਿਚ ਹਮੇਸ਼ਾ ਤੱਤਪਰ ਰਹਿਣ ਵਾਲੀ ਸੰਸਥਾ ਲਾਇਨਜ਼ ਕਲੱਬ ਅਸ਼ੀਰਵਾਦ ਫ਼ਿਰੋਜ਼ਪੁਰ ਦੀ ਮੰਗ ਨੂੰ ਪੂਰਾ ਕਰਦੇ ਹੋਏ ਹਲਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਸੰਸਥਾ ਲਈ ਡੇਢ ਕਨਾਲ ਜ਼ਮੀਨ ਪੰਜਾਬ ਸਰਕਾਰ ਪਾਸੋਂ ਅਲਾਟ ਕਰਵਾਈ, ਜਿਸ ਜ਼ਮੀਨ 'ਤੇ ਲਾਇਨਜ਼ ਕਲੱਬ ਅਸ਼ੀਰਵਾਦ ਵਲੋਂ ਇਕ ਵਿਸ਼ਾਲ ਭਵਨ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਦੀ ਸ਼ੁਰੂਆਤ ਕਰਨ ਮੌਕੇ ਪਹੁੰਚੇ ਵਿਧਾਇਕ ਪਿੰਕੀ ਦਾ ਕਲੱਬ ਦੇ ਮੈਂਬਰਾਂ ਨੇ ਨਿੱਘਾ ਸਵਾਗਤ ਕੀਤਾ। ਇਸ ਦੌਰਾਨ ਕਲੱਬ ਦੇ ਪ੍ਰੋਜੈਕਟ ਚੇਅਰਮੈਨ ਲਾਈਨ ਸੰਤੋਖ ਸਿੰਘ ਤੱਖੀ ਨੇ ਹਲਕਾ ਵਿਧਾਇਕ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸੰਤੋਖ ਸਿੰਘ ਤੱਖੀ ਨੇ ਦੱਸਿਆ ਕਿ ਕਲੱਬ ਕੋਲ ਆਪਣਾ ਕੋਈ ਦਫ਼ਤਰ ਨਹੀਂ ਸੀ, ਜਿਸ ਲਈ ਹਲਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੂੰ ਬੇਨਤੀ ਕੀਤੀ ਤੇ ਉਨ੍ਹਾਂ ਸਾਡੀ ਬੇਨਤੀ ਨੂੰ ਕਬੂਲਦੇ ਹੋਏ ਪੰਜਾਬ ਸਰਕਾਰ ਪਾਸੋਂ ਡੇਢ ਕਨਾਲ ਜ਼ਮੀਨ ਅਲਾਟ ਕਰਵਾ ਕੇ ਦਿੱਤੀ ਹੈ। ਹੁਣ ਇਸ ਜਗ੍ਹਾ 'ਤੇ ਵਿਸ਼ਾਲ ਭਵਨ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਜਿੱਥੇ ਗ਼ਰੀਬ ਲੜਕੀਆਂ ਦੇ ਵਿਆਹ, ਮੈਡੀਕਲ ਕੈਂਪ, ਖ਼ੂਨਦਾਨ ਕੈਂਪ, ਧਾਰਮਿਕ ਸਮਾਗਮ ਆਦਿ ਕੀਤੇ ਜਾ ਸਕਣਗੇ। ਇਸ ਲਈ ਕਿਸੇ ਪਾਸੋਂ ਕੋਈ ਵੀ ਫ਼ੀਸ ਨਹੀਂ ਲਈ ਜਾਵੇਗੀ। ਇਸ ਮੌਕੇ ਡਾ: ਨਿਰਮਲ ਜੋਸ਼ੀ, ਅਰਵਿੰਦਰ ਕੁਮਾਰ ਮਰਵਾਹਾ ਪ੍ਰਧਾਨ, ਵਿਸ਼ਾਲ ਵਲਾਇਤ ਸੈਕਟਰੀ, ਸੰਦੀਪ ਸ਼ਰਮਾ, ਪ੍ਰਿੰ. ਸੁਰਿੰਦਰ ਸ਼ਰਮਾ ਚੇਅਰਮੈਨ, ਡਾ: ਜਗਦੀਪ ਜੋਸ਼ੀ, ਲਲਿਤ ਤ੍ਰੇਹਨ, ਸੁਖਦੇਵ ਸਿੰਘ ਕੈਸ਼ੀਅਰ, ਜਤਿੰਦਰ ਮੋਨਿਕਾ, ਲਾਈਨ ਰਾਕੇਸ਼ ਅਗਰਵਾਲ ਨਾਇਬ ਤਹਿਸੀਲਦਾਰ, ਹਰਪਾਲ ਭੁੱਲਰ ਆਦਿ ਹਾਜ਼ਰ ਸਨ।

ਲਾਈਨਜ਼ ਕਲੱਬ ਫ਼ਿਰੋਜ਼ਪੁਰ ਆਸ਼ੀਰਵਾਦ ਨੂੰ ਅਲਾਟ ਕਰਵਾਈ ਜਗ੍ਹਾ ਦੇ ਕਾਗਜ਼ ਸੌਂਪਦੇ ਹੋਏ ਵਿਧਾਇਕ ਪਰਮਿੰਦਰ ਸਿੰਘ ਪਿੰਕੀ।

Tantia University
(Established by State Government Act 32 of 2013 u/s 2 (f) of UGC Act 1956)
SRI GANGANAGAR (RAJASTHAN)
Excellence Innovation Achievement
MEDICAL SCIENCE M.B.B.S.
VETERINARY SCIENCE B.V.Sc. & A.H.
AYURVEDA BAMS, M.D. (Ayurveda)
HOMOEOPATHY BHMS, M.D. (Homoeopathy)
*Admission For NEET Qualified & As Per Govt. Norms
:: OTHER COURSES ::
• M.Sc. Nursing • B.Sc. Nursing • Post Basic B.Sc. Nursing • BPT • MPT • D.Pharmacy
• Ayurvedic Nursing • BA LLB • LLB • LLM • MA • M.Ed. • AHDP • Ph.D
0154-2494125 | 94140-93087 | 94140-93083 | 94140-93082
TOLL FREE : 1800 123 1981
Email : admission@tantiauniversity.com | Visit us on : www.tantiauniversity.com

ਪਿੰਡ ਮਨਸੂਰਵਾਲ ਵਿਖੇ ਵਰਕਰਾਂ ਤੇ ਸਮਰਥਕਾਂ ਨਾਲ ਮੀਟਿੰਗ ਸਮੇਂ ਭਾਜਪਾ ਆਗੂ ਅਵਤਾਰ ਸਿੰਘ ਜ਼ੀਰਾ ਸਾਬਕਾ ਚੇਅਰਮੈਨ ਪੰਜਾਬ ਰਾਜ ਸਹਿਕਾਰੀ ਬੈਂਕ। ਤਸਵੀਰ:ਪ੍ਰਤਾਪ ਸਿੰਘ ਹੀਰਾ

ਭਾਜਪਾ ਦਾ ਵਧਦਾ ਗ੍ਰਾਫ਼ ਲੋਕਤੰਤਰ ਲਈ ਚੰਗੇ ਸੰਕੇਤ- ਅਵਤਾਰ ਸਿੰਘ ਜ਼ੀਰਾ

ਜ਼ੀਰਾ, 3 ਜਨਵਰੀ (ਮਨਜੀਤ ਸਿੰਘ ਢਿੱਲੋਂ)-ਪੰਜਾਬ ਦੀ ਸਿਆਸਤ ਵਿਚ ਭਾਰਤੀ ਜਨਤਾ ਪਾਰਟੀ ਦਾ ਵਧਦਾ ਗ੍ਰਾਫ਼ ਲੋਕ ਹਿਤ ਵਿਚ ਹੈ, ਜਿਸ ਨੇ ਸਿਆਸੀ ਪਾਰਟੀਆਂ ਵਿਚ ਵਧ ਰਹੇ ਭਾਈ, ਭਤੀਜਾਵਾਦ ਨੂੰ ਠੱਲ੍ਹ ਪਾ ਕੇ ਲੋਕਤੰਤਰ ਨੂੰ ਮੁੜ ਕਾਇਮ ਕਰਨਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਆਗੂ ਅਵਤਾਰ ਸਿੰਘ ਜ਼ੀਰਾ ਸਾਬਕਾ ਚੇਅਰਮੈਨ ਪੰਜਾਬ ਰਾਜ ਸਹਿਕਾਰੀ ਬੈਂਕ ਨੇ ਨੇੜਲੇ ਪਿੰਡ ਮਨਸੂਰਵਾਲ ਵਿਖੇ ਸਮਰਥਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਜ਼ੀਰਾ ਨੇ ਕਿਹਾ ਕਿ ਅਕਾਲੀ ਦਲ ਪਾਰਟੀ ਹੁਣ ਬਾਦਲ ਐਂਡ ਕੰਪਨੀ ਬਣ ਕੇ ਰਹਿ ਗਈ ਹੈ, ਜਿਸ ਵਲੋਂ ਕੇਵਲ ਤੇ ਕੇਵਲ ਕਮਾਊ ਪੁੱਤਾਂ ਨੂੰ ਟਿਕਟਾਂ ਵੰਡੀਆਂ ਜਾਂਦੀਆਂ ਹਨ। ਅੰਤ ਵਿਚ ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਵਿਚ ਭਾਜਪਾ ਤੇ ਸਹਿਯੋਗੀ ਪਾਰਟੀਆਂ ਦੀ ਸਰਕਾਰ ਬਣਦੀ ਹੈ ਤਾਂ ਕੇਂਦਰ ਵਲੋਂ ਵੱਡੇ ਰਾਹਤ ਪੈਕੇਜ ਮਿਲਣ ਨਾਲ ਪੰਜਾਬ ਅਤੇ ਸੂਬੇ ਦੇ ਲੋਕਾਂ ਦਾ ਭਲਾ ਹੋਵੇਗਾ। ਇਸ ਮੌਕੇ ਕੈਪਟਨ ਸਵਰਨ ਸਿੰਘ ਸ਼ਾਹਵਾਲਾ, ਨਰਿੰਦਰਪਾਲ ਸਿੰਘ ਲੌਂਗੋਦੇਵਾ, ਜਸਵਿੰਦਰ ਸਿੰਘ ਸ਼ਹੀਦ, ਕੁਲਦੀਪ ਸਿੰਘ ਸੰਧੂ, ਜਗਰਾਜ ਸਿੰਘ ਪ੍ਰਧਾਨ, ਜਗਜੀਤ ਸਿੰਘ ਸੰਧੂ, ਜਗਨ ਸਿੰਘ ਪ੍ਰਧਾਨ, ਅਵਤਾਰ ਸਿੰਘ ਗਿੱਲ, ਅਮਰਜੀਤ ਸਿੰਘ ਗਿੱਲ ਪ੍ਰਧਾਨ, ਸਵਰਨ ਸਿੰਘ ਗਿੱਲ, ਸੁਰਜੀਤ ਸਿੰਘ ਗਿੱਲ, ਗੁਰਲਾਭ ਸਿੰਘ ਗਿੱਲ, ਚਮਕੌਰ ਸਿੰਘ ਗਿੱਲ, ਗੁਰਮੇਲ ਸਿੰਘ ਗਿੱਲ ਤੇ ਹੋਰ ਹਾਜ਼ਰ ਸਨ।

ਜਨਮ ਦਿਨ ਮੁਬਾਰਕ

ਗੁਰਵਿੰਦਰ ਸਿੰਘ
ਪਿਤਾ : ਮੁਖਤਿਆਰ ਸਿੰਘ
ਮਾਤਾ : ਪ੍ਰਵੀਨ ਕੌਰ
ਵਾਸੀ : ਪਿੰਡ ਬੋਹੜੀਆਂ (ਗੁਰੂਹਰਸਹਾਏ)

ਅਰਮਾਨ ਥਿੰਦ
ਪਿਤਾ : ਬਲਵਿੰਦਰ ਥਿੰਦ
ਮਾਤਾ : ਸੁਨੀਤਾ ਰਾਣੀ
ਵਾਸੀ : ਗੋਲੂ ਕਾ ਮੋੜ

ਮੰਨਤ ਝੱਟਾ
ਪਿਤਾ : ਦੀਪਕ ਝੱਟਾ
ਮਾਤਾ : ਅਨੁਭਵ ਝੱਟਾ
ਵਾਸੀ : ਗੁਰੂਹਰਸਹਾਏ

ਰਫ਼ਤਾਰ ਸਿੰਘ
ਪਿਤਾ: ਮਨਦੀਪ ਸਿੰਘ
ਮਾਤਾ: ਅਮਨਵੀਰ ਕੌਰ
ਵਾਸੀ: ਜ਼ੀਰਾ

ਤਲਵੰਡੀ ਭਾਈ ਵਿਖੇ ਭਾਜਪਾ ਵਲੋਂ ਪ੍ਰਧਾਨ ਮੰਤਰੀ ਦੀ ਆਮਦ ਨੂੰ ਲੈ ਕੇ ਮੀਟਿੰਗ

ਤਲਵੰਡੀ ਭਾਈ, 3 ਜਨਵਰੀ (ਕੁਲਜਿੰਦਰ ਸਿੰਘ ਗਿੱਲ)-5 ਜਨਵਰੀ ਨੂੰ ਫ਼ਿਰੋਜ਼ਪੁਰ ਵਿਖੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਮਦ 'ਤੇ ਹੋਣ ਵਾਲੀ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਜ਼ਿਲ੍ਹਾ ਭਾਜਪਾ ਪ੍ਰਧਾਨ ਸੁਰਿੰਦਰ ਸਿੰਘ ਬੱਗਾ ਪਿੱਪਲ ਦੇ ਨਿਰਦੇਸ਼ਾਂ 'ਤੇ ਭਾਜਪਾ ਮੰਡਲ ਤਲਵੰਡੀ ਭਾਈ ਨਾਲ ਸਬੰਧਿਤ ਆਗੂਆਂ ਤੇ ਵਰਕਰਾਂ ਦੀ ਇਕੱਤਰਤਾ ਮੰਡਲ ਪ੍ਰਧਾਨ ਅਨਿਲ ਅਰੋੜਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਵਿਧਾਨ ਸਭਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਪ੍ਰਭਾਰੀ ਪ੍ਰੇਮ ਓਡ ਰਾਮਦੇਵਰਾ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਓਡ ਨੇ ਭਾਜਪਾ ਵਰਕਰਾਂ ਨਾਲ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਮੋਦੀ ਵਲੋਂ ਫ਼ਿਰੋਜ਼ਪੁਰ ਵਿਖੇ ਪੀ.ਜੀ.ਆਈ ਸੈਟੇਲਾਈਟ ਸੈਂਟਰ ਦਾ ਨੀਂਹ ਪੱਥਰ ਰੱਖ ਕੇ ਉਸਾਰੀ ਆਰੰਭ ਕਰਵਾਉਣ ਤੋਂ ਇਲਾਵਾ ਪੰਜਾਬੀਆਂ ਲਈ ਵੱਖ-ਵੱਖ ਸਹੂਲਤਾਂ ਦਾ ਐਲਾਨ ਕੀਤਾ ਜਾਵੇਗਾ, ਜੋ ਕਿ ਪੰਜਾਬ ਵਾਸੀਆਂ ਲਈ ਸ਼ੁੱਭ ਸ਼ਗਨ ਹੈ। ਇਸ ਮੌਕੇ 'ਤੇ ਰੈਲੀ ਦੌਰਾਨ ਲੋਕਾਂ ਦੀ ਸ਼ਮੂਲੀਅਤ ਕਰਵਾਉਣ ਲਈ ਭਾਜਪਾ ਵਰਕਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ। ਮੀਟਿੰਗ ਮੌਕੇ ਜ਼ਿਲ੍ਹਾ ਉਪ ਪ੍ਰਧਾਨ ਵਿਜੇ ਕੁਮਾਰ ਕਾਇਤ, ਭੀਮ ਸਿੰਘ ਜ਼ਿਲ੍ਹਾ ਉਪ ਪ੍ਰਧਾਨ, ਜਸਵੀਰ ਸਿੰਘ ਜਟਾਣਾ, ਪਵਨ ਗੋਇਲ, ਸੰਜੀਵ ਗੱਖੜ, ਰਾਮ ਸਿੰਘ ਕਾਇਤ, ਟਿੰਕੂ ਬਾਂਸਲ, ਸੰਦੀਪ ਸੋਢੀ, ਸਿਮਰਨਜੀਤ ਸਿੰਘ, ਗੁਰਪ੍ਰੀਤ ਸਿੰਘ ਲਾਂਬਾ, ਰਾਜਵਿੰਦਰ ਸਿੰਘ, ਗੁਰਦਰਸ਼ਨ ਸਿੰਘ, ਵਿੱਕੀ ਨਰੂਲਾ, ਰਾਜ ਕੁਮਾਰ ਅਗਨੀਹੋਤਰੀ, ਮਨਦੀਪ ਸਿੰਘ ਮਨੂੰ, ਭਾਗੀਰਥ ਰਾਮ, ਸੰਦੀਪ ਸ਼ਰਮਾ ਤੇ ਵਿਸ਼ਾਲ ਸਾਂਡਲ ਆਦਿ ਸ਼ਾਮਿਲ ਸਨ।

ਭਾਜਪਾ ਮੰਡਲ ਤਲਵੰਡੀ ਭਾਈ ਦੀ ਮੀਟਿੰਗ ਦੌਰਾਨ ਭਾਜਪਾ ਆਗੂ ਤੇ ਵਰਕਰ। ਤਸਵੀਰ: ਕੁਲਜਿੰਦਰ ਸਿੰਘ ਗਿੱਲ

ਸਰਕਾਰ ਖ਼ਿਲਾਫ਼ ਪੁਤਲਾ ਫੂਕ ਰੋਸ ਪ੍ਰਦਰਸ਼ਨ ਕਰਨ ਸਮੇਂ ਨਰਸਿੰਗ ਸਟਾਫ਼ ਦੇ ਮੁਲਾਜ਼ਮ। ਅਜੀਤ ਤਸਵੀਰ

ਨਰਸਿੰਗ ਸਟਾਫ਼ ਵਲੋਂ ਸਰਕਾਰ ਦਾ ਪੁਤਲਾ ਫੂਕ ਰੋਸ ਮੁਜ਼ਾਹਰਾ

ਫ਼ਿਰੋਜ਼ਪੁਰ, 3 ਜਨਵਰੀ (ਜਸਵਿੰਦਰ ਸਿੰਘ ਸੰਧੂ)-ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਸੰਘਰਸ਼ ਦੇ ਰਾਹ ਪਏ ਨਰਸਿੰਗ ਸਟਾਫ਼ ਵਲੋਂ ਨਰਸਿੰਗ ਐਸੋਸੀਏਸ਼ਨ ਪੰਜਾਬ ਵਲੋਂ ਦਿੱਤੇ ਸੱਦੇ 'ਤੇ ਸਿਵਲ ਹਸਪਤਾਲ ਵਿਖੇ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਸਟਾਫ਼ ਨਰਸ ਡੌਲਫਿਨਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਨਰਸਿੰਗ ਕੇਡਰ ਦੇ ਹੱਕ 'ਤੇ ਕੁਹਾੜਾ ਮਾਰਦਿਆਂ ਹੋਇਆਂ ਨਰਸਿੰਗ ਸਟਾਫ਼ ਦਾ ਗ੍ਰੇਡ ਪੇਅ ਘਟਾ ਦਿੱਤਾ ਹੈ ਤੇ ਸੈਂਟਰ ਸਰਕਾਰ ਦੀ ਤਰਜ਼ 'ਤੇ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਨਰਸਿੰਗ ਸਟਾਫ਼ ਨੂੰ ਨਰਸਿੰਗ ਅਫ਼ਸਰ ਦਾ ਅਹੁਦਾ ਨਿਵਾਜਿਆ ਜਾਵੇ। ਗੱਲਬਾਤ ਕਰਦਿਆਂ ਜਸਵਿੰਦਰ ਸਿੰਘ ਕੌੜਾ ਨੇ ਦੱਸਿਆ ਕਿ ਨਰਸਿੰਗ ਸਟਾਫ਼ ਆਪਣੀਆਂ ਮੰਗਾਂ ਮੰਨਵਾਉਣ ਲਈ ਹਰ ਰੋਜ਼ ਧਰਨੇ ਪ੍ਰਦਰਸ਼ਨ ਕਰ ਰਿਹਾ ਹੈ, ਜਿਸ ਕਾਰਨ ਨਵੇਂ ਭਰਤੀ ਕੀਤੇ ਮੁਲਾਜ਼ਮਾਂ ਵਿਚ ਭਾਰੀ ਰੋਸ ਹੈ। ਇਸ ਸਮੇਂ ਨਰਿੰਦਰ ਸ਼ਰਮਾ, ਸੁਧੀਰ ਅਲੈਗਜੈਂਡਰ, ਰਾਮ ਪ੍ਰਸ਼ਾਦ ਤੋਂ ਇਲਾਵਾ ਤਾਲਮੇਲ ਪੈਰਾ ਮੈਡੀਕਲ ਕਮੇਟੀ ਦੇ ਆਗੂਆਂ ਨੇ ਆਪੋ-ਆਪਣੇ ਸੰਬੋਧਨ 'ਚ ਸਰਕਾਰ ਨੂੰ ਰੱਜ ਕੇ ਕੋਸਿਆ। ਇਸ ਸਮੇਂ ਸ੍ਰੀਮਤੀ ਗੀਤਾ, ਹਰਮਿੰਦਰ ਕੌਰ, ਕਮਲਾ, ਜਗਰੂਪ ਕੌਰ, ਭੁਪਿੰਦਰ ਕੌਰ, ਜਸਵਿੰਦਰ ਸਿੰਘ, ਸੁਮਿਤ ਗਿੱਲ, ਰੇਨੂੰ ਬਾਲਾ, ਰੇਖਾ, ਇੰਦਰਜੀਤ ਕੌਰ, ਸ਼ਿੰਦਰਪਾਲ, ਕ੍ਰਿਸ਼ਮਾ, ਬਿਨਾਂ ਰਾਣੀ, ਰਾਜਿੰਦਰ ਕੌਰ, ਰਜਨੀਸ਼, ਸਮੀਕਸ਼ਾ, ਰੋਬਿਨ ਸੈਮਸਨ, ਗੁਰਮੇਲ ਸਿੰਘ, ਮਲਕੀਤ ਸਮੀਕਸ਼ਾ, ਬੰਧਨਾ, ਨਿਰਮਲ ਕੌਰ, ਰਮਨਦੀਪ ਕੌਰ ਤੇ ਹੋਰ ਹਾਜ਼ਰ ਸਨ।

ਉਰਦੂ ਆਮੋਜ਼ ਦੀਆਂ ਕਲਾਸਾਂ ਸ਼ੁਰੂ

ਫ਼ਿਰੋਜ਼ਪੁਰ, 3 ਜਨਵਰੀ (ਤਪਿੰਦਰ ਸਿੰਘ)-ਪੰਜਾਬੀ ਭਾਸ਼ਾ ਦੀ ਤਰੱਕੀ ਦੇ ਨਾਲ-ਨਾਲ ਹਰਦਿਲ ਅਜ਼ੀਜ਼ ਭਾਸ਼ਾ ਉਰਦੂ ਦੇ ਵਿਕਾਸ ਲਈ ਵੀ ਭਾਸ਼ਾ ਵਿਭਾਗ ਪੰਜਾਬ ਨਿਰੰਤਰ ਗਤੀਸ਼ੀਲ ਹੈ। ਤਹਿਜ਼ੀਬ, ਅਦਬ ਤੇ ਸੁਹਜ ਨਾਲ ਲਬਰੇਜ਼ ਉਰਦੂ ਭਾਸ਼ਾ ਨੂੰ ਪੰਜਾਬ ਵਿਚ ਹਰਮਨ ਪਿਆਰੀ ਬਣਾਉਣ ਲਈ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਵਲੋਂ ਉਰਦੂ ਸਿਖਾਉਣ ਦੀਆਂ ਮੁਫ਼ਤ ਜਮਾਤਾਂ (ਕਲਾਸਾਂ) ਲਗਾਈਆਂ ਜਾਂਦੀਆਂ ਹਨ। 6 ਮਹੀਨੇ ਦੇ ਉਰਦੂ ਆਮੋਜ਼ ਕੋਰਸ ਲਈ ਅੱਜ ਤੋਂ ਨਵਾਂ ਸੈਸ਼ਨ ਸ਼ੁਰੂ ਹੋ ਗਿਆ ਹੈ। ਇਹ ਜਮਾਤਾਂ (ਕਲਾਸਾਂ) ਸ਼ਾਮ 5.15 ਤੋਂ ਸ਼ਾਮ 6.15 ਵਜੇ ਤੱਕ ਦਫ਼ਤਰੀ ਕੰਮ ਵਾਲੇ ਦਿਨ ਲੱਗਣਗੀਆਂ। ਨਵੀਂ ਜਮਾਤ (ਕਲਾਸ) ਲਈ ਦਾਖ਼ਲਾ 10 ਜਨਵਰੀ 2022 ਤੱਕ ਜਾਰੀ ਰਹੇਗਾ।

ਪੰਜਾਬ ਦੇ ਮੁੱਖ ਮੰਤਰੀ
ਚਰਨਜੀਤ ਸਿੰਘ ਚੰਨੀ
ਦੀ
ਗਤੀਸ਼ੀਲ ਅਗਵਾਈ ਹੇਠ

ਭਾਰਤ ਭੂਸ਼ਨ ਆਸ਼ੂ
ਖੁਰਾਕ, ਸਿਵਲ ਸਪਲਾਈ
ਅਤੇ ਖਪਤਕਾਰ ਮਾਮਲੇ ਮੰਤਰੀ, ਪੰਜਾਬ
ਅਤੇ
ਗੁਰਕੀਰਤ ਸਿੰਘ ਕੋਟਲੀ
ਉਦਯੋਗ ਤੇ ਵਣਜ ਅਤੇ
ਵਿਗਿਆਨ ਤੇ ਤਕਨੀਕ ਮੰਤਰੀ, ਪੰਜਾਬ
ਵੱਲੋਂ
40 ਐਮ. ਐਲ. ਡੀ.
ਕਾਮਨ ਐਫ਼ੂਲੈਂਟ ਟਰੀਟਮੈਂਟ ਪਲਾਂਟ
(ਫੋਕਲ ਪੁਆਇੰਟ ਮੋਡਿਊਲ)
ਦਾ ਉਦਘਾਟਨ
ਮਿਤੀ 04.01.2022, ਦਿਨ ਮੰਗਲਵਾਰ ਨੂੰ ਸਵੇਰੇ 11:00 ਵਜੇ
ਤਾਜਪੁਰ ਰੋਡ, ਲੁਧਿਆਣਾ ਵਿਖੇ ਕੀਤਾ ਜਾਵੇਗਾ।

ਪ੍ਰਾਜੈਕਟ ਕੀਮਤ 84.5 ਕਰੋੜ
ਲਾਭਪਾਤਰੀ ਉਦਯੋਗ 73

ਪ੍ਰਾਜੈਕਟ ਦੀਆਂ ਮੁੱਖ ਵਿਸ਼ੇਸ਼ਤਾਵਾਂ:-
• ਵਾਤਾਵਰਣ ਵਿੱਚ ਪ੍ਰਦੂਸ਼ਣ ਦੀ ਕਮੀ
• ਉਦਯੋਗਾਂ ਨੂੰ ਅੰਦਰੂਨੀ ਟਰੀਟਮੈਂਟ ਤੋਂ ਰਾਹਤ
• ਹੁਨਰਮੰਦ ਵਿਅਕਤੀਆਂ ਵੱਲੋਂ ਕੇਂਦਰੀਕ੍ਰਿਤ ਤੇ ਬਿਹਤਰ ਟਰੀਟਮੈਂਟ
• ਟਰੀਟਮੈਂਟ ਲਈ ਪੂੰਜੀ ਅਤੇ ਸੰਚਾਲਨ ਲਾਗਤ ਵਿੱਚ ਬੱਚਤ
• ਨੇਮਬੰਦੀ ਅਦਾਰਿਆਂ ਵੱਲੋਂ ਇੱਕ ਜਗ੍ਹਾ ਤੋਂ ਨਿਗਰਾਨੀ
No:13/311/2021/12079
ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ
ਵਾਤਾਵਰਣ ਭਵਨ, ਨਾਭਾ ਰੋਡ, ਪਟਿਆਲਾ, ਫੋਨ : 0175-2302392, 2200557, ਫੈਕਸ : 0175-2215636